ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ, ਸ.ਅ.ਸ. ਨਗਰ

ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਸ.ਅ.ਸ. ਨਗਰ

(ਪ੍ਰਮੋਸ਼ਨ ਸੈੱਲ)

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਪੰਜਾਬ

ਮੀਮੋ ਨੰ: 90355/ਸੀ-4/2025320177
ਮਿਤੀ, ਐਸ.ਏ.ਐਸ. ਨਗਰ:

ਵਿਸ਼ਾ:- ਨਵੇਂ ਪਦਉੱਨਤ ਹੋਏ ਲੈਕਚਰਾਰ ਕਾਡਰ ਦੇ ਕਰਮਚਾਰੀਆਂ ਦੀ ਤਨਖਾਹ ਫਿਕਸ ਕਰਨ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਵਿਭਾਗ ਵਲੋਂ ਵੱਖ-2 ਮਿਤੀਆਂ ਨੂੰ ਮਾਸਟਰ ਕਾਡਰ ਤੋਂ ਲੈਕਚਰਾਰ ਕਾਡਰ ਵਿੱਚ ਪਦਉੱਨਤੀਆਂ ਕਰਨ ਉਪਰੰਤ ਕਰਮਚਾਰੀਆਂ ਨੂੰ ਸਬੰਧਤ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਹਾਜ਼ਰ ਕਰਵਾਇਆ ਗਿਆ ਸੀ ਅਤੇ ਮਿਤੀ 30.09.2025 ਨੂੰ ਉਹਨਾਂ ਨੂੰ ਸਟੇਸ਼ਨ ਅਲਾਟ ਕੀਤੇ ਗਏ ਸਨ।

ਉਪਰੋਕਤ ਦੇ ਸਨਮੁੱਖ ਲਿਖਿਆ ਜਾਂਦਾ ਹੈ ਕਿ ਉਨ੍ਹਾਂ ਦੀ ਲੈਕਚਰਾਰ ਵਜੋਂ ਤਨਖਾਹ, ਸਬੰਧਤ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਹਾਜ਼ਰ ਹੋਣ ਦੀ ਮਿਤੀ ਤੋਂ ਨਿਯਮਾਂ/ਹਦਾਇਤਾਂ ਅਨੁਸਾਰ ਫਿਕਸ ਕੀਤੀ ਜਾਵੇ। ਇਸ ਬਾਬਤ ਆਪ ਦੇ ਜ਼ਿਲ੍ਹੇ ਦੇ ਸਕੂਲ ਮੁਖੀਆਂ/ ਡੀ.ਡੀ.ਓ. ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਦੀ ਖੇਚਲ ਕੀਤੀ ਜਾਵੇ।

ਸਹਾਇਕ ਡਾਇਰੈਕਟਰ (ਪ੍ਰਮੋਸ਼ਨ)
ਵਿਦ

# ਦਫਤਰ ਜਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ) ਬਠਿੰਡਾ

ਪਿਠਅੰਕਣ ਨੰ: ਅ-6/1( )2025/ 1823 ਮਿਤੀ 13.11.2025

ਉਪਰੋਕਤ ਦਾ ਉਤਾਰਾ ਸੰਬਧਤ ਸੀਨੀਅਰ ਸੈਕੰਡਰੀ ਸਕੂਲਾ, ਜਿਲਾ ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

13/11/25

ਜਿਲ੍ਹਾ ਸਿੱਖਿਆ ਅਫ਼ਸਰ (ਸੈ ਸਿ)
ਬਠਿੰਡਾ

13/11/25